ਨੰ:6/14/18-2ਸਿੱ.ਸੈਲ/408

ਪੰਜਾਬ ਸਰਕਾਰ

ਉਚੇਰੀ ਸਿੱਖਿਆ ਤੇ ਭਾਸ਼ਾ ਵਿਭਾਗ

(ਸਿੱਖਿਆ ਸੈੱਲ)

ਸੇਵਾ ਵਿਖੇ,

ਰਾਜ ਦੇ ਸਮੂਹ ਵਿਭਾਗਾਂ ਦੇ ਮੁੱਖੀ;
ਸਮੂਹ ਡਵੀਜ਼ਨਾਂ ਦੇ ਕਮਿਸ਼ਨਰ ਸਮੂਹ ਡਿਪਟੀ ਕਮਿਸ਼ਨਰ;
ਸਮੂਹ ਵਿਭਾਗਾਂ ਦੇ ਮੁੱਖੀ ਬੋਰਡਾਂ, ਕਾਰਪੋਰੇਸ਼ਨਾਂ ਦੇ ਚੇਅਰਮੈਨ;
ਸਮੂਹ ਯੂਨੀਵਰਸਿਟੀਆਂ ਦੇ ਵਾਈਸ ਚਾਂਸਲਰ;
ਸਮੂਹ ਨਗਰ ਨਿਗਮ ਅਤੇ ਨਗਰ ਪਾਲਿਕਾ ਦੇ ਕਮਿਸ਼ਨਰ ਅਤੇ ਕਾਰਜ ਸਾਧਕ ਅਫ਼ਸਰ;
ਚੇਅਰਮੈਨ ਪੰਜਾਬ ਲੋਕ ਸੇਵਾ ਕਮਿਸ਼ਨ ਅਤੇ ਉਦਯੋਗਿਕ ਸਿਖਲਾਈ ਸੰਸਥਾਵਾਂ ਦੇ ਮੁੱਖੀ;
ਸਮੂਹ ਜ਼ਿਲ੍ਹਾ ਅਤੇ ਸੈਸ਼ਨ ਜੱਜ, ਉਪ ਮੰਡਲ ਅਫ਼ਸਰ (ਸਿਵਲ) ਅਤੇ
ਰਜਿਸਟਰਾਰ, ਪੰਜਾਬ ਤੇ ਹਰਿਆਣਾ ਹਾਈਕੋਰਟ।

ਮਿਤੀ, ਚੰਡੀਗੜ੍ਹ:10.2.2022

ਵਿਸ਼ਾ:- ਮਿਤੀ 21 ਫਰਵਰੀ, 2022 ਨੂੰ ਮਾਤ ਭਾਸ਼ਾ ਦਿਵਸ ਮਨਾਉਣ ਸਬੰਧੀ।

***

ਸ੍ਰੀਮਾਨ ਜੀ/ਸ੍ਰੀਮਤੀ ਜੀ,

1.0 ਉਪਰੋਕਤ ਵਿਸ਼ੇ ਤੇ ਧਿਆਨ ਦੇਣ ਦੀ ਖੇਚਲ ਕੀਤੀ ਜਾਵੇ ਜੀ।

2.0 ਪੰਜਾਬ ਸਰਕਾਰ ਵੱਲੋਂ ਪੰਜਾਬ ਰਾਜ ਭਾਸ਼ਾ ਐਕਟ 1967, ਸਮੇਤ ਪੰਜਾਬ ਰਾਜ ਭਾਸ਼ਾ (ਤਰਮੀਮ)ਐਕਟ-2008 ਨੂੰ ਇੰਨ-ਬਿੰਨ ਲਾਗੂ ਕਰਵਾਉਣ ਬਾਰੇ ਹਦਾਇਤਾਂ ਜਾਰੀ ਕੀਤੀਆਂ ਹੋਈਆਂ ਹਨ। ਪੰਜਾਬ ਰਾਜ ਭਾਸ਼ਾ ਐਕਟ ਦੀ ਧਾਰਾ 3-ਬੀ ਤਹਿਤ **"ਪੰਜਾਬ ਸਰਕਾਰ ਦੇ ਸਾਰੇ ਦਫ਼ਤਰਾਂ, ਸਰਕਾਰੀ ਖੇਤਰਾਂ ਦੇ ਅਦਾਰਿਆਂ, ਬੋਰਡਾਂ ਅਤੇ ਲੋਕਲ ਬਾਡੀਜ਼ ਅਤੇ ਰਾਜ ਦੇ ਸਕੂਲਾਂ, ਕਾਲਜਾਂ ਅਤੇ ਯੂਨੀਵਰਸਿਟੀਆਂ ਦੇ ਦਫ਼ਤਰਾਂ ਵਿਚ ਸਾਰਾ ਕੰਮ-ਕਾਜ ਪੰਜਾਬੀ ਵਿਚ ਕੀਤਾ ਜਾਵੇਗਾ"।** ਭਾਸ਼ਾ ਵਿਭਾਗ, ਪੰਜਾਬ ਦੇ ਸਮੂਹ ਅਦਾਰਿਆਂ ਅੰਦਰ ਮਾਤ-ਭਾਸ਼ਾ ਪੰਜਾਬੀ ਵਿਚ ਕੰਮ ਕਰਵਾਉਣ ਲਈ ਪਾਬੰਦ ਹੈ।

3.0 ਭਾਸ਼ਾ ਵਿਭਾਗ, ਪੰਜਾਬ ਵੱਲੋਂ ਇਹ ਫ਼ੈਸਲਾ ਲਿਆ ਗਿਆ ਹੈ ਕਿ ਮਿਤੀ 21.02.2022 ਨੂੰ ਸਵੇਰੇ 11.00 ਵਜੇ ਮਨਾਏ ਜਾ ਰਹੇ ਮਾਤ-ਭਾਸ਼ਾ ਦਿਵਸ ਦੇ ਮੌਕੇ ਤੇ ਸਮੂਹ ਮੁੱਖੀ/ਅਧਿਕਾਰੀ/ਕਰਮਚਾਰੀ ਮਾਂ-ਬੋਲੀ ਪੰਜਾਬੀ ਪ੍ਰਤੀ ਇਕ ਅਹਿਦ ਲੈਣਗੇ ਜੋ ਕਿ ਹੇਠ ਲਿਖੇ ਅਨੁਸਾਰ ਹੈ:-

**ਮਾਂ ਬੋਲੀ ਲਈ ਅਹਿਦ ;**

**" ਮੈਂ ਮਾਤ ਭਾਸ਼ਾ ਦਿਵਸ ਦੇ ਮੁਕੱਦਸ ਮੌਕੇ 'ਤੇ ਇਹ ਅਹਿਦ ਲੈਂਦਾ/ਲੈਂਦੀ ਹਾਂ ਕਿ ਮੈਂ ਨਾਥਾਂ, ਸੂਫੀਆਂ, ਭਗਤਾਂ, ਗੁਰੂਆਂ, ਪੀਰਾਂ ਤੇ ਫ਼ਕੀਰਾਂ ਦੀ ਵਰੋਸਾਈ ਮਾਂ-ਬੋਲੀ ਪੰਜਾਬੀ ਦਾ ਉਮਰ ਭਰ ਸਤਿਕਾਰ ਕਰਾਂਗਾ/ਕਰਾਂਗੀ। ਮੈਂ ਆਪਣੀ ਮਾਂ-ਬੋਲੀ ਪੰਜਾਬੀ ਬੋਲਾਂਗਾ/ਬੋਲਾਂਗੀ, ਪੰਜਾਬੀ ਪੜ੍ਹਾਂਗਾ/ਪੜ੍ਹਾਂਗੀ, ਪੰਜਾਬੀ ਲਿਖਾਂਗਾ/ਲਿਖਾਂਗੀ ਅਤੇ ਆਉਣ ਵਾਲੀਆਂ ਪੀੜ੍ਹੀਆਂ ਨੂੰ ਪੰਜਾਬੀ ਭਾਸ਼ਾ, ਸਾਹਿਤ ਅਤੇ ਸੱਭਿਆਚਾਰ ਨਾਲ ਜੋੜਨ ਲਈ ਹਮੇਸ਼ਾ ਯਤਨਸ਼ੀਲ ਰਹਾਂਗਾ/ਰਹਾਂਗੀ।**

**ਮੈਂ ਇਹ ਵੀ ਅਹਿਦ ਕਰਦਾ ਹਾਂ/ਕਰਦੀ ਹਾਂ ਕਿ ਮਾਂ ਬੋਲੀ ਪੰਜਾਬੀ ਦੇ ਪ੍ਰਚਾਰ, ਪ੍ਰਸਾਰ ਅਤੇ ਸੰਚਾਰ ਲਈ ਮੇਰੀਆਂ ਸੇਵਾਵਾਂ ਹਮੇਸ਼ਾ ਸਮਰਪਿਤ ਰਹਿਣਗੀਆਂ। "**

ਨਾਮ________

ਸਕੱਤਰ, ਉਚੇਰੀ ਸਿੱਖਿਆ ਤੇ ਭਾਸ਼ਾ ਵਿਭਾਗ

ਉਕਤ ਅਹਿਦ ਲੈਣ ਸਬੰਧੀ ਸਮੂਹ ਵਿਸ਼ੇਸ਼ ਮੁੱਖ ਸਕੱਤਰਾਂ, ਵਧੀਕ ਮੁੱਖ ਸਕੱਤਰਾਂ, ਵਿੱਤੀ ਕਮਿਸ਼ਨਰਾਂ, ਪ੍ਰਮੁੱਖ ਸਕੱਤਰਾਂ ਅਤੇ ਪ੍ਰਬੰਧਕੀ ਸਕੱਤਰਾਂ ਨੂੰ ਬੇਨਤੀ ਕੀਤੀ ਜਾਂਦੀ ਹੈ ਕਿ ਉਹ ਆਪਣੇ ਪ੍ਰਬੰਧਕੀ ਕੰਟਰੋਲ ਅਧੀਨ ਵਿਭਾਗਾਂ, ਬੋਰਡਾਂ, ਨਿਗਮਾਂ ਅਤੇ ਕਾਰਪੋਰੇਸ਼ਨਾਂ ਦੇ ਸਮੂਹ ਅਧਿਕਾਰੀਆਂ/ਕਰਮਚਾਰੀਆਂ ਵਲੋਂ ਉਕਤ ਅਹਿਦ ਦੀ ਇੰਨ-ਬਿੰਨ ਪਾਲਣਾ ਕਰਨ ਹਿਤ ਯੋਗ ਕਦਮ ਚੁੱਕਣ ਦੀ ਕਿਰਪਾਲਤਾ ਕਰਨਾ ਜੀ।

ਸਕੱਤਰ, ਉਚੇਰੀ ਸਿੱਖਿਆ ਤੇ ਭਾਸ਼ਾ ਵਿਭਾਗ

ਸੇਵਾ ਵਿਖੇ,

ਪੰਜਾਬ ਰਾਜ ਦੇ ਸਮੂਹ ਸਮੂਹ ਵਿਸ਼ੇਸ਼ ਮੁੱਖ ਸਕੱਤਰ, ਵਧੀਕ ਮੁੱਖ ਸਕੱਤਰ,
ਵਿੱਤੀ ਕਮਿਸ਼ਨਰ, ਪ੍ਰਮੁੱਖ ਸਕੱਤਰ ਅਤੇ ਪ੍ਰਬੰਧਕੀ ਸਕੱਤਰ।

ਅੰ:ਵਿ:ਪੱ:ਨੰ:6/14/18-2ਸਿੱ.ਸੈਲ/409 ਮਿਤੀ,ਚੰਡੀਗੜ੍ਹ:10-2-2022